# ਸੱਟਾ ਲਗਵਾਉਂਦਾ ਇਕ ਕਾਬੂ

ਸ੍ਰੀ ਮੁਕਤਸਰ ਸਾਹਿਬ, 15 ਜੂਨ (ਹਰਮਹਿੰਦਰ ਪਾਲ)-ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਦੀ ਪੁਲਿਸ ਨੇ ਸੱਟਾ ਲਗਵਾਉਂਦੇ ਇਕ ਵਿਅਕਤੀ ਨੂੰ ਕਾਬੂ ਕਰਕੇ ਉਸ ਪਾਸੋਂ 520 ਰੁਪਏ ਬਰਾਮਦ ਕੀਤੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਹਾਇਕ ਥਾਣੇਦਾਰ ਹਰਜੀਤ ਸਿੰਘ ਨੇ ਦੱਸਿਆ ਕਿ ਪੁਲਿਸ ਪਾਰਟੀ ਗਸ਼ਤ ਤੇ ਚੈਕਿੰਗ ਦੇ ਸੰਬੰਧ ਵਿਚ ਸ਼ੇਰ ਸਿੰਘ ਚੌਂਕ ਮੌਜੂਦ ਸੀ ਤਾਂ ਮੁਖ਼ਬਰ ਨੇ ਆ ਕੇ ਇਤਲਾਹ ਦਿੱਤੀ ਕਿ ਚਾਹਤ ਕੁਮਾਰ ਵਾਸੀ ਸ੍ਰੀ ਮੁਕਤਸਰ ਸਾਹਿਬ ਰਵੀਦਾਸ ਮੰਦਰ ਉੱਚਾ ਵਿਹੜੇ ਨੇੜੇ ਜਗਮੀਤ ਬਰਾੜ ਦੀ ਕੋਠੀ ਕੋਲ ਸ਼ਰ੍ਹੇਆਮ ਸੱਟਾ ਲਗਵਾ ਰਿਹਾ ਹੈ। ਜਿਸ 'ਤੇ ਪੁਲਿਸ ਨੇ ਛਾਪੇਮਾਰ ਕਰਕੇ ਚਾਹਤ ਕੁਮਾਰ ਨੂੰ ਸੱਟਾ ਲਗਵਾਉਂਦੇ ਹੋਏ ਕਾਬੂ ਕਰ ਉਸ ਪਾਸੋਂ 520 ਰੁਪਏ ਬਰਾਮਦ ਕੀਤੇ। ਪੁਲਿਸ ਨੇ ਚਾਹਤ ਕੁਮਾਰ ਨੂੰ ਗ੍ਰਿਫ਼ਤਾਰ ਕਰਕੇ ਮਾਮਲਾ ਦਰਜ ਕਰ ਲਿਆ ਹੈ। ਉਕਤ ਜ਼ਮਾਨਤ 'ਤੇ ਰਿਹਾਅ ਹੋ ਗਿਆ ਹੈ।